ਅਜੀਤ ਪੰਜਾਬ 3
ਅਜੀਤ, ਚੰਡੀਗੜ੍ਹ
ਮੰਗਲਵਾਰ, 4 ਜਨਵਰੀ, 2022

Poland (ਪੋਲੈਂਡ)
ਬਿਨ੍ਹਾਂ IELTS, ਬਿਨ੍ਹਾਂ ਕਿਸੇ ਕੰਮ ਦੇ ਤਜ਼ੁਰਬੇ ਤੋਂ work permit 'ਤੇ ਜਾਣ ਲਈ ਜਲਦੀ ਸੰਪਰਕ ਕਰੋ।
Ess Ess Overseas
B-1422/PUN/PART/100/5/9699/2000
4th floor, sohan singh complex, Shastri Nagar, Ludhiana.
M:78030-00081

## ਪੰਜਾਬ 'ਚ ਆਉਣ ਵਾਲੇ ਦਿਨਾਂ 'ਚ ਮੀਂਹ ਤੇ ਗੜੇਮਾਰੀ ਦੀ ਸੰਭਾਵਨਾ

ਲੁਧਿਆਣਾ, 3 ਜਨਵਰੀ (ਬਾਵਾ)-ਮੌਸਮ ਵਿਭਾਗ ਵਲੋਂ ਪੰਜਾਬ ਅੰਦਰ ਆਉਣ ਵਾਲੇ ਦਿਨਾਂ 'ਚ ਮੀਂਹ ਪੈਣ ਤੇ ਗੜ੍ਹੇਮਾਰੀ ਹੋਣ ਦੀ ਭਵਿੱਖਬਾਣੀ ਕੀਤੀ ਗਈ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮੌਸਮ ਵਿਭਾਗ ਦੇ ਵਿਗਿਆਨੀ ਡਾ. ਪ੍ਰਭਜੋਤ ਕੌਰ ਨੇ ਦੱਸਿਆ ਕਿ ਭਾਰਤ ਸਰਕਾਰ ਦੇ ਮੌਸਮ ਵਿਭਾਗ ਵਲੋਂ ਮਿਲੀ ਜਾਣਕਾਰੀ ਅਨੁਸਾਰ ਪੱਛਮੀ ਗੜਬੜ ਕਰਕੇ ਪੰਜਾਬ ਅੰਦਰ 4 ਤੋਂ 6 ਜਨਵਰੀ ਤੱਕ ਹਲਕੇ ਤੋਂ ਭਾਰੀ ਮੀਂਹ ਪੈਣ ਅਤੇ ਕਿਤੇ-ਕਿਤੇ ਗੜ੍ਹੇਮਾਰੀ ਹੋਣ ਦੀ ਭਵਿੱਖਬਾਣੀ ਕੀਤੀ ਗਈ ਹੈ। ਪੰਜਾਬ ਅੰਦਰ 4 ਤੋਂ 6 ਜਨਵਰੀ ਅਤੇ ਉਸ ਤੋਂ ਬਾਅਦ ਇਕ ਦਿਨ ਛੱਡ ਕੇ ਮੁੜ ਤੋਂ ਮੀਂਹ ਪਵੇਗਾ ਤੇ ਕਿਤੇ-ਕਿਤੇ ਗੜ੍ਹੇਮਾਰੀ ਹੋਣ ਦੇ ਨਾਲ-ਨਾਲ ਗਰਜ ਚਮਕ ਨਾਲ ਵੀ ਛਿੱਟੇ ਪੈਣਗੇ।



ਗੁਰਦੁਆਰਾ ਹਾਅ ਦਾ ਨਾਅਰਾ ਮਲੇਰਕੋਟਲਾ ਵਿਖੇ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਗੁਰਨਾਮ ਸਿੰਘ ਚੜੂਨੀ ਦਾ ਸਨਮਾਨ ਕਰਦੇ ਹੋਏ ਪ੍ਰਬੰਧਕ। ਤਸਵੀਰ : ਕੁਠਾਲਾ

# ਪੰਜਾਬ 'ਚ ਆਮ ਆਦਮੀ ਪਾਰਟੀ ਨਾਲ ਰਲ ਕੇ ਚੋਣਾਂ ਨਹੀਂ ਲੜਨਗੇ ਕਿਸਾਨ-ਚੜੂਨੀ

**ਚੋਣਾਂ ਲਈ ਕਿਸਾਨ ਜਥੇਬੰਦੀਆਂ ਤੇ ਸਮਾਜ ਸੇਵੀ ਸੰਸਥਾਵਾਂ ਦਾ ਨਵਾਂ ਮੋਰਚਾ ਬਣਾਉਣ ਦਾ ਐਲਾਨ**

ਮਲੇਰਕੋਟਲਾ, 3 ਜਨਵਰੀ (ਪਰਮਜੀਤ ਸਿੰਘ ਕੁਠਾਲਾ, ਪਾਰਸ ਜੈਨ)-ਸੰਯੁਕਤ ਕਿਸਾਨ ਪਾਰਟੀ ਦੇ ਮੁਖੀ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਮੋਹਰੀ ਆਗੂ ਰਹੇ ਸ. ਗੁਰਨਾਮ ਸਿੰਘ ਚੜੂਨੀ ਨੇ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ 'ਚ ਕਿਸਾਨ ਜਥੇਬੰਦੀਆਂ ਅਤੇ ਰਾਜ ਅੰਦਰ ਸਰਗਰਮ ਸਮਾਜ ਸੇਵੀ ਸੰਸਥਾਵਾਂ ਨਾਲ ਮਿਲ ਕੇ ਨਵਾਂ ਮੋਰਚਾ ਗਠਿਤ ਕਰਨ ਦਾ ਐਲਾਨ ਕਰਦਿਆਂ ਅੱਜ ਇੱਥੇ ਸਪਸ਼ਟ ਕੀਤਾ ਕਿ ਰਾਜ ਭਾਗ ਹਾਸਿਲ ਕੀਤੇ ਬਗੈਰ ਨਾ ਤਾਂ ਕਿਸਾਨਾਂ, ਮਜ਼ਦੂਰਾਂ ਅਤੇ ਸਮਾਜ ਦੇ ਦੱਬੇ ਕੁਚਲੇ ਵਰਗਾਂ ਦਾ ਭਲਾ ਕੀਤਾ ਜਾ ਸਕਦਾ ਹੈ ਅਤੇ ਨਾ ਹੀ ਪੰਜਾਬ ਨੂੰ ਬਚਾਇਆ ਜਾ ਸਕਦਾ ਹੈ। ਕਿਸਾਨ ਆਗੂ ਸ. ਚੜੂਨੀ ਅੱਜ ਗੁਰਦੁਆਰਾ ਹਾਅ ਦਾ ਨਾਅਰਾ ਮਲੇਰਕੋਟਲਾ ਵਿਖੇ ਨਤਮਸਤਕ ਹੋਣ ਪਿੱਛੋਂ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਿਲ ਕਈ ਵੱਡੀਆਂ ਕਿਸਾਨ ਜਥੇਬੰਦੀਆਂ ਵਲੋਂ ਪੰਜਾਬ ਵਿਧਾਨ ਸਭਾ ਚੋਣਾਂ ਨਾ ਲੜਨ ਦੇ ਫ਼ੈਸਲੇ ਨੂੰ ਉਨ੍ਹਾਂ ਜਥੇਬੰਦੀਆਂ ਦੀ ਆਪਣੀ ਸੋਚ ਦੱਸਦਿਆਂ ਸ. ਚੜੂਨੀ ਨੇ ਕਿਹਾ ਕਿ ਰਾਜ ਅੰਦਰ ਲੋਕਾਂ ਦਾ ਜਵਾਬਦੇਹ ਰਾਜ ਸਥਾਪਤ ਕਰਨ ਲਈ ਸਾਨੂੰ ਉਸੇ ਤਰ੍ਹਾਂ ਚੋਣ ਮੈਦਾਨ ਵਿਚ ਉੱਤਰਨਾ ਪਵੇਗਾ ਜਿਸ ਤਰ੍ਹਾਂ ਸਰ ਛੋਟੂ ਰਾਮ ਨੇ ਚੋਣਾਂ ਜਿੱਤ ਕੇ ਕਿਸਾਨੀ ਕਰਜ਼ਿਆਂ ਉੱਪਰ ਲਕੀਰ ਫੇਰ ਦਿੱਤੀ ਸੀ। ਉਨ੍ਹਾਂ ਚੋਣਾਂ ਲੜਨ ਦੇ ਆਪਣੇ ਫ਼ੈਸਲੇ ਨੂੰ ਦਰੁਸਤ ਦੱਸਦਿਆਂ ਕਿਹਾ ਕਿ ਚੋਣਾਂ ਲੜ ਕੇ ਹੀ ਡਾ. ਭੀਮ ਰਾਓ ਅੰਬੇਡਕਰ ਆਪਣੇ ਦੱਬੇ ਕੁਚਲੇ ਸਮਾਜ ਲਈ ਅਹਿਮ ਸੰਵਿਧਾਨਕ ਅਧਿਕਾਰ ਪ੍ਰਾਪਤ ਕਰਨ ਵਿਚ ਸਫਲ ਹੋਏ ਸਨ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਵਲੋਂ ਗਠਿਤ ਕੀਤੇ ਸੰਯੁਕਤ ਸਮਾਜ ਮੋਰਚੇ ਨੂੰ ਬਣਨ ਤੋਂ ਪਹਿਲਾਂ ਹੀ ਖਿਲਰ ਚੁੱਕਿਆ ਮੋਰਚਾ ਦੱਸਦਿਆਂ ਸ. ਚੜੂਨੀ ਨੇ ਕਿਸਾਨ ਜਥੇਬੰਦੀਆਂ ਨੂੰ ਸੁਚੇਤ ਕੀਤਾ ਕਿ ਕਿਸੇ ਵੀ ਕਿਸਾਨ ਜਥੇਬੰਦੀ ਨੂੰ ਆਮ ਆਦਮੀ ਪਾਰਟੀ ਨਾਲ ਰਲ ਕੇ ਕੋਈ ਚੋਣ ਨਹੀਂ ਲੜਨੀ

(ਬਾਕੀ ਸਫ਼ਾ 11 'ਤੇ)

# ਹੁਣ ਦੂਲੋਂ ਨੇ ਆਪਣੀ ਸਰਕਾਰ ਖ਼ਿਲਾਫ਼ ਖੋਲ੍ਹਿਆ ਮੋਰਚਾ

**ਕਿਹਾ, ਹਾਲੇ ਵੀ ਪੰਜਾਬ 'ਚ ਮਾਫ਼ੀਆ ਖ਼ਤਮ ਨਹੀਂ ਹੋਇਆ**



ਚੰਡੀਗੜ੍ਹ, 3 ਜਨਵਰੀ (ਗੁਰਪ੍ਰੀਤ ਸਿੰਘ ਜਾਗੋਵਾਲ)-ਰਾਜ ਸਭਾ ਮੈਂਬਰ ਅਤੇ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਸਮਸ਼ੇਰ ਸਿੰਘ ਦੂਲੋ ਨੇ ਆਪਣੀ ਹੀ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਚੰਡੀਗੜ੍ਹ 'ਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਸ਼ਮਸ਼ੇਰ ਸਿੰਘ ਦੂਲੋ ਨੇ ਕਿਹਾ ਕਿ ਪੰਜਾਬ ਵਿਚ ਹਾਲੇ ਵੀ ਮਾਫ਼ੀਆ ਖ਼ਤਮ ਨਹੀਂ ਹੋਇਆ ਹੈ ਅਤੇ ਸਰਕਾਰ ਅੱਜ ਵੀ ਮਾਫ਼ੀਆ ਖ਼ਿਲਾਫ਼ ਕਾਰਵਾਈ ਸਖ਼ਤ ਕਾਰਵਾਈ ਨਹੀਂ ਕਰ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਚਾਹੇ ਰੇਤ ਮਾਫ਼ੀਆ ਹੋਵੇ, ਚਾਹੇ ਨਕਲੀ ਸ਼ਰਾਬ ਵੇਚਣ ਵਾਲਾ ਮਾਫ਼ੀਆ ਜਾਂ ਨਸ਼ੇ ਸਪਲਾਈ ਕਰਨ ਵਾਲਾ ਇਨ੍ਹਾਂ ਸਭ ਖ਼ਿਲਾਫ਼ ਸਹੀ ਤਰੀਕੇ ਕਾਰਵਾਈ ਨਹੀਂ ਹੋਈ ਹੈ। ਉਨ੍ਹਾਂ ਨੇ ਸਕਾਲਰਸ਼ਿਪ ਘੁਟਾਲੇ ਦਾ ਜ਼ਿਕਰ ਕਰਦਿਆਂ ਵੀ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਤੋਂ ਕਾਰਵਾਈ ਕਰਨ ਦੀ ਮੰਗ ਕੀਤੀ ਹੈ ਅਤੇ ਕਿਹਾ ਕਿ ਇਸ ਮਾਮਲੇ ਦੀ ਸੀ.ਬੀ.ਆਈ.

(ਬਾਕੀ ਸਫ਼ਾ 11 'ਤੇ)



ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਨੂੰ ਮੰਗ ਪੱਤਰ ਸੌਂਪਦੇ ਹੋਏ ਆਲ ਪੰਜਾਬ ਟਰੱਕ ਏਕਤਾ ਦੇ ਅਹੁਦੇਦਾਰ। ਤਸਵੀਰ : ਵਰਿੰਦਰਜੀਤ ਸਿੰਘ

# ਟਰੱਕ ਆਪ੍ਰੇਟਰਾਂ ਦੇ ਮਸਲੇ ਹੱਲ ਕਰਨ ਲਈ ਕੇਂਦਰੀ ਟਰਾਂਸਪੋਰਟ ਮੰਤਰੀ ਨਾਲ ਮੁਲਾਕਾਤ ਕਰਾਂਗੇ-ਢੀਂਡਸਾ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਬੀਤੇ ਇਕ ਮਹੀਨੇ ਤੋਂ ਏਅਰਪੋਰਟ ਰੋਡ 'ਤੇ ਟਰੱਕ ਯੂਨੀਅਨਾਂ ਨੂੰ ਬਹਾਲ ਕਰਵਾਉਣ ਦੀ ਮੰਗ ਨੂੰ ਲੈ ਕੇ ਆਲ ਪੰਜਾਬ ਟਰੱਕ ਏਕਤਾ ਦੇ ਬੈਨਰ ਹੇਠ ਪੱਕਾ ਧਰਨਾ ਲਗਾ ਕੇ ਬੈਠੇ ਟਰੱਕ ਆਪ੍ਰੇਟਰਾਂ ਨੂੰ ਸਮਰਥਨ ਦੇਣ ਲਈ ਅੱਜ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਪ੍ਰਧਾਨ ਅਤੇ ਰਾਜ ਸਭਾ ਮੈਂਬਰ ਸੁਖਦੇਵ ਸਿੰਘ ਢੀਂਡਸਾ ਧਰਨਾ ਸਥਾਨ 'ਤੇ ਪਹੁੰਚੇ। ਇਸ ਮੌਕੇ ਢੀਂਡਸਾ ਨੇ ਟਰੱਕ ਆਪ੍ਰੇਟਰਾਂ ਦੀਆਂ ਸਮੱਸਿਆਵਾਂ ਸੁਣਦਿਆਂ ਉਨ੍ਹਾਂ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ਇਸੇ ਦੌਰਾਨ ਸ: ਢੀਂਡਸਾ ਕਿਹਾ ਕਿ ਉਹ ਟਰੱਕ ਆਪ੍ਰੇਟਰਾਂ ਦੀਆਂ ਮੁਸ਼ਕਿਲਾਂ ਤੋਂ ਭਲੀ-ਭਾਂਤੀ ਜਾਣੂ ਹਨ ਅਤੇ ਵਿਸ਼ਵਾਸ ਦਿਵਾਉਂਦੇ ਹਨ ਕਿ ਟਰੱਕ ਯੂਨੀਅਨਾਂ ਨੂੰ ਬਹਾਲ ਕਰਵਾਉਣ ਅਤੇ ਟਰੱਕ ਆਪ੍ਰੇਟਰਾਂ ਦੇ ਬਾਕੀ ਮਸਲਿਆਂ ਦੇ ਹੱਲ ਲਈ ਕੇਂਦਰੀ ਟਰਾਂਸਪੋਰਟ ਮੰਤਰੀ ਨਿਤਿਨ ਗਡਕਰੀ ਨਾਲ ਮੁਲਾਕਾਤ ਕਰਨਗੇ। ਇਸ ਮੌਕੇ ਆਲ ਪੰਜਾਬ ਟਰੱਕ ਏਕਤਾ ਦੇ ਅਹੁਦੇਦਾਰਾਂ ਵਲੋਂ ਸੁਖਦੇਵ ਸਿੰਘ ਢੀਂਡਸਾ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਜਰਨਲ ਸਕੱਤਰ ਹਰਸੁਖਇੰਦਰ ਸਿੰਘ ਬੱਬੀ ਬਾਦਲ, ਕੁਲਤਾਰਨ ਸਿੰਘ ਅਟਵਾਲ,

(ਬਾਕੀ ਸਫ਼ਾ 11 'ਤੇ)





ਮੁਬਾਰਕ ਮੰਜ਼ਿਲ ਮਹਿਲ ਵਿਖੇ ਬੇਗਮ ਮੁਨੱਵਰ-ਓ-ਨਿਸ਼ਾ ਨਾਲ ਮੁਲਾਕਾਤ ਕਰਦੇ ਹੋਏ ਡਿਪਟੀ ਕਮਿਸ਼ਨਰ ਮਾਧਵੀ ਕਟਾਰੀਆ। (ਸੱਜੇ) ਮੁਬਾਰਕ ਮੰਜ਼ਿਲ ਮਹਿਲ ਦੀ ਵਿਸ਼ਾਲ ਇਮਾਰਤ। ਤਸਵੀਰਾਂ : ਕੁਠਾਲਾ

# 'ਮਰਨੇ ਸੇ ਪਹਿਲੇ ਮਹਿਲ ਕੋ ਪੁਰਾਨੀ ਸ਼ਾਨ ਮੇਂ ਵਾਪਸ ਪਰਤਾ ਦੇਖਨੇ ਕੀ ਆਖ਼ਰੀ ਇੱਛਾ'-ਬੇਗਮ ਮੁਨੱਵਰ-ਓ-ਨਿਸ਼ਾ

**ਡਿਪਟੀ ਕਮਿਸ਼ਨਰ ਨੇ ਕੀਤੀ ਮੁਲਾਕਾਤ**

**ਪਰਮਜੀਤ ਸਿੰਘ ਕੁਠਾਲਾ**

ਮਲੇਰਕੋਟਲਾ, 3 ਜਨਵਰੀ-ਮਲੇਰਕੋਟਲਾ ਰਿਆਸਤ ਦੇ ਆਖ਼ਰੀ ਨਵਾਬ ਮੁਹੰਮਦ ਇਫਤਿਖਾਰ ਅਲੀ ਖਾਨ ਦੀ 98 ਸਾਲਾ ਆਖ਼ਰੀ ਬੇਗਮ ਸਾਹਿਬਜ਼ਾਦੀ ਮੁਨੱਵਰ-ਓ-ਨਿਸ਼ਾ ਦੀ ਇਸ ਵੇਲੇ ਰਿਹਾਇਸ਼ਗਾਹ 150 ਸਾਲ ਪੁਰਾਣੇ ਮੁਬਾਰਕ ਮੰਜ਼ਿਲ ਮਹਿਲ ਵਿਖੇ ਬੇਗਮ ਨਾਲ ਨਵੇਂ ਸਾਲ ਦੀ ਪਹਿਲੀ ਮੁਲਾਕਾਤ ਕਰਨ ਪਹੁੰਚੇ ਡਿਪਟੀ ਕਮਿਸ਼ਨਰ ਮਲੇਰਕੋਟਲਾ ਸ੍ਰੀਮਤੀ ਮਾਧਵੀ ਕਟਾਰੀਆ ਨੂੰ ਬੇਗਮ ਸਾਹਿਬਾ ਨੇ ਆਪਣੀ ਆਖ਼ਰੀ ਇੱਛਾ ਪ੍ਰਗਟ ਕੀਤੀ ਕਿ 'ਮੈਂ ਇਹ ਮਹਿਲ ਪੰਜਾਬ ਸਰਕਾਰ ਨੂੰ ਸੌਂਪ ਦਿੱਤਾ ਹੈ! ਮੇਰੀ ਆਖ਼ਰੀ ਇੱਛਾ ਯਹੀ ਹੈ ਕਿ ਮੈਂ ਮਰਨੇ ਸੇ ਪਹਿਲੇ ਮਹਿਲ ਕੋ ਪੁਰਾਣੀ ਸ਼ਾਨ ਮੇਂ ਵਾਪਸ ਪਰਤਤਾ ਦੇਖ ਲੂੰ।' ਡਿਪਟੀ ਕਮਿਸ਼ਨਰ ਸ੍ਰੀਮਤੀ ਕਟਾਰੀਆ ਨੇ ਬਜ਼ੁਰਗ ਬੇਗਮ ਨੂੰ ਸਮੁੱਚੀ ਸਾਂਭ ਸੰਭਾਲ ਦਾ ਭਰੋਸਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਡਾਇਰੈਕਟਰ ਸਭਿਆਚਾਰ ਮਾਮਲੇ ਵਿਭਾਗ ਅਤੇ ਆਗਾ ਖ਼ਾਨ ਫਾਊਂਡੇਸ਼ਨ ਦੇ ਅਫ਼ਸਰਾਂ ਨਾਲ ਇਸ ਮਹਿਲ ਦੀ ਸਾਂਭ ਸੰਭਾਲ ਤੇ ਮੁਰੰਮਤ ਬਾਰੇ ਵਿਸਥਾਰਤ ਗੱਲਬਾਤ ਕੀਤੀ ਹੈ। ਪੰਜਾਬ ਸਰਕਾਰ ਵਲੋਂ ਮੁਬਾਰਕ ਮੰਜ਼ਿਲ ਮਹਿਲ ਦੇ ਪੁਨਰ ਨਿਰਮਾਣ ਅਤੇ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਅੰਤਰ ਰਾਸ਼ਟਰੀ ਪੱਧਰ 'ਤੇ ਪੁਰਾਤਨ ਅਤੇ ਇਤਿਹਾਸਕ ਸਮਾਰਕਾਂ, ਇਮਾਰਤਾਂ ਦੀ ਪੁਰਾਤਨ ਦਿੱਖ ਨੂੰ ਬਹਾਲ ਕਰਨ ਵਾਲੀ ਸੰਸਥਾ ਵਜੋਂ ਜਾਣੀ ਜਾਂਦੀ ਆਗਾ ਖਾਂ ਫਾਊਂਡੇਸ਼ਨ ਨੂੰ ਸੌਂਪੀ ਗਈ ਹੈ। ਮਹਿਲ ਦੀ ਵਿਸ਼ਾਲ ਇਮਾਰਤ ਦਾ ਜਾਇਜ਼ਾ ਲੈਣ ਉਪਰੰਤ ਡੀ.ਸੀ. ਸ੍ਰੀਮਤੀ ਕਟਾਰੀਆ ਨੇ

(ਬਾਕੀ ਸਫ਼ਾ 11 'ਤੇ)

# 6 ਦਿਨ ਬਾਅਦ ਹੀ ਮੁੜ ਕਾਂਗਰਸ 'ਚ ਪਰਤੇ ਵਿਧਾਇਕ ਲਾਡੀ



ਚੰਡੀਗੜ੍ਹ, 3 ਜਨਵਰੀ (ਗੁਰਪ੍ਰੀਤ ਸਿੰਘ ਜਾਗੋਵਾਲ)-ਕਾਂਗਰਸ ਛੱਡ ਕੇ ਭਾਜਪਾ 'ਚ ਸ਼ਾਮਿਲ ਹੋਏ ਸ੍ਰੀ ਹਰਗੋਬਿੰਦਪੁਰ ਤੋਂ ਵਿਧਾਇਕ ਬਲਵਿੰਦਰ ਸਿੰਘ ਲਾਡੀ ਵਾਪਸ ਕਾਂਗਰਸ 'ਚ ਪਰਤ ਆਏ ਹਨ। ਬਲਵਿੰਦਰ ਸਿੰਘ ਲਾਡੀ ਨੇ ਖ਼ੁਦ ਇਹ ਕਹਿ ਦਿੱਤਾ ਕਿ ਉਹ ਕਾਂਗਰਸ 'ਚ ਹੀ ਰਹਿਣਗੇ। ਅੱਜ ਉਹ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਅਤੇ ਕਾਂਗਰਸ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਹਰੀਸ਼ ਚੌਧਰੀ ਦੀ ਮੌਜੂਦਗੀ 'ਚ ਦੁਬਾਰਾ ਕਾਂਗਰਸ ਵਿਚ ਸ਼ਾਮਿਲ ਹੋਏ ਹਨ। ਬਲਵਿੰਦਰ ਸਿੰਘ ਲਾਡੀ ਅਤੇ ਕਾਂਗਰਸ ਵਿਧਾਇਕ ਫਤਿਹਜੰਗ ਸਿੰਘ ਬਾਜਵਾ ਬੀਤੀਂ 28 ਦਸੰਬਰ ਨੂੰ ਦਿੱਲੀ ਜਾ ਕੇ ਭਾਜਪਾ 'ਚ ਸ਼ਾਮਿਲ ਹੋਏ ਸਨ, ਜਿੱਥੇ ਭਾਜਪਾ ਦੇ ਪੰਜਾਬ ਚੋਣ ਪ੍ਰਧਾਨ ਕੇਂਦਰੀ ਮੰਤਰੀ ਗਜੇਂਦਰ ਸ਼ੇਖਾਵਤ ਨੇ ਉਨ੍ਹਾਂ ਨੂੰ ਭਾਜਪਾ

(ਬਾਕੀ ਸਫ਼ਾ 11 'ਤੇ)



ਉਪ-ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ। ਨਾਲ ਅਲਕਾ ਲਾਂਬਾ ਵੀ ਹਨ। ਤਸਵੀਰ: ਗੁਰਿੰਦਰ ਸਿੰਘ

# ਮਜੀਠੀਆ ਤੋਂ ਮੁਆਫ਼ੀ ਮੰਗਣ ਵਾਲੇ ਅੱਜ ਕਹਿ ਰਹੇ ਹਨ ਐਫ.ਆਈ.ਆਰ. ਕਮਜ਼ੋਰ ਹੈ-ਰੰਧਾਵਾ

**ਕਿਹਾ, ਸਿੱਧੂ ਵੀ ਇਸ ਮਾਮਲੇ ਨੂੰ ਲੈ ਕੇ ਗ਼ਲਤ ਬੋਲ ਰਿਹੈ**

ਚੰਡੀਗੜ੍ਹ, 3 ਜਨਵਰੀ (ਗੁਰਪ੍ਰੀਤ ਸਿੰਘ ਜਾਗੋਵਾਲ)- ਉਪ ਮੁੱਖ ਮੰਤਰੀ ਸ: ਸੁਖਜਿੰਦਰ ਸਿੰਘ ਰੰਧਾਵਾ ਨੇ ਆਮ ਆਦਮੀ ਪਾਰਟੀ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ 'ਤੇ ਬਿਕਰਮ ਸਿੰਘ ਮਜੀਠੀਆ ਮਾਮਲੇ ਨੂੰ ਲੈ ਕੇ ਤਿੱਖੇ ਹਮਲੇ ਕੀਤੇ ਹਨ। ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਪ ਮੁੱਖ ਮੰਤਰੀ ਨੇ ਕਿਹਾ ਕਿ ਜੋ ਲੋਕ ਕਹਿ ਰਹੇ ਹਨ ਕਿ ਬਿਕਰਮ ਸਿੰਘ ਮਜੀਠੀਆ ਖ਼ਿਲਾਫ਼ ਦਰਜ ਹੋਈ ਐਫ.ਆਈ.ਆਰ. ਕਮਜ਼ੋਰ ਹੈ, ਉਹ ਪਹਿਲਾਂ ਹੀ ਮਜੀਠੀਆ ਤੋਂ ਮੁਆਫ਼ੀ ਮੰਗ ਚੁੱਕੇ ਹਨ।

(ਬਾਕੀ ਸਫ਼ਾ 11 'ਤੇ)

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਲਿਖਿਆ ਪੱਤਰ

ਚੰਡੀਗੜ੍ਹ, 3 ਜਨਵਰੀ (ਅਜੀਤ ਬਿਊਰੋ)-ਪੰਜਾਬ ਦੇ ਉਪ ਮੁੱਖ ਮੰਤਰੀ ਸ. ਸੁਖਜਿੰਦਰ ਸਿੰਘ ਰੰਧਾਵਾ ਨੇ ਬੀਤੇ ਕੱਲ੍ਹ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਪੰਥਕ ਰੋਸ ਦਿਵਸ ਦੌਰਾਨ ਬਾਦਲ ਦਲ ਨੂੰ ਤਕੜਾ ਕਰਨ ਦੀ ਕੀਤੀ ਅਪੀਲ ਨੂੰ ਲੈ ਕੇ ਜਥੇਦਾਰ ਗਿਆਨ ਹਰਪ੍ਰੀਤ ਸਿੰਘ ਨੂੰ ਇਕ

(ਬਾਕੀ ਸਫ਼ਾ 11 'ਤੇ)

# ਸਿੱਧੂ ਦਾ ਕੋਈ 'ਸਟੈਂਡ' ਨਹੀਂ-ਰਾਘਵ ਚੱਢਾ

ਚੰਡੀਗੜ੍ਹ, 3 ਜਨਵਰੀ (ਅਜੀਤ ਬਿਊਰੋ)-ਕਾਂਗਰਸ ਪ੍ਰਧਾਨ ਸ: ਨਵਜੋਤ ਸਿੱਧੂ ਵਲੋਂ ਘਰੇਲੂ ਔਰਤਾਂ ਨੂੰ 2000 ਰੁਪਏ ਮਹੀਨਾ ਅਤੇ 8 ਰਸੋਈ ਗੈਸ ਸਿਲੰਡਰ ਮੁਫ਼ਤ ਦੇਣ ਦੇ ਐਲਾਨ 'ਤੇ 'ਆਪ' ਪੰਜਾਬ ਦੇ ਸਹਿ-ਇੰਚਾਰਜ ਰਾਘਵ ਚੱਢਾ ਨੇ ਨਵਜੋਤ ਸਿੰਘ ਸਿੱਧੂ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਸੋਮਵਾਰ ਨੂੰ ਚੱਢਾ ਨੇ ਇਕ ਟਵੀਟ 'ਚ ਸਿੱਧੂ ਦੀ ਪੁਰਾਣੀ ਅਤੇ ਨਵੀਂ ਵੀਡੀਓ ਜਾਰੀ ਕੀਤੀ ਅਤੇ ਲਿਖਿਆ ਕਿ ਪੰਜਾਬੀ ਕਹਿੰਦੇ ਹਨ ਕਿ ਸਾਈਕਲ ਦਾ ਵੀ ਸਟੈਂਡ ਹੁੰਦਾ ਹੈ ਪਰ ਸਿੱਧੂ ਦਾ ਕੋਈ ਸਟੈਂਡ ਨਹੀਂ ਹੈ। ਪਹਿਲੀ ਵੀਡੀਓ 'ਚ ਸਿੱਧੂ ਪੰਜਾਬ 'ਚ 18 ਸਾਲ ਤੋਂ ਵੱਧ ਉਮਰ ਦੀਆਂ ਸਾਰੀਆਂ ਔਰਤਾਂ ਨੂੰ 1000 ਰੁਪਏ ਦੇਣ ਦੇ ਅਰਵਿੰਦ ਕੇਜਰੀਵਾਲ ਦੇ ਐਲਾਨ ਦੀ ਆਲੋਚਨਾ ਕਰ ਰਹੇ ਹਨ। ਦੂਜੇ ਪਾਸੇ ਦੂਜੀ ਵੀਡੀਓ 'ਚ ਸਿੱਧੂ ਖ਼ੁਦ ਪੰਜਾਬ ਦੀਆਂ ਘਰੇਲੂ ਔਰਤਾਂ ਨੂੰ ਸਾਲਾਨਾ 2000 ਰੁਪਏ ਪ੍ਰਤੀ ਮਹੀਨਾ ਅਤੇ ਅੱਠ ਰਸੋਈ ਗੈਸ ਸਿਲੰਡਰ ਮੁਫ਼ਤ ਦੇਣ ਦਾ ਐਲਾਨ ਕਰ ਰਹੇ ਹਨ। ਇਸ ਐਲਾਨ ਤੋਂ

(ਬਾਕੀ ਸਫ਼ਾ 11 'ਤੇ)



ਪਿੰਡ ਪੱਦੀ ਮੱਠਵਾਲੀ (ਬੰਗਾ) ਵਿਖੇ ਡਾ. ਸਾਧੂ ਸਿੰਘ ਹਮਦਰਦ ਦੇ ਆਦਮਕੱਦ ਬੁੱਤ ਤੋਂ ਪਰਦਾ ਹਟਾਉਣ ਸਮੇਂ ਮੁੱਖ ਸੰਪਾਦਕ 'ਅਜੀਤ' ਪ੍ਰਕਾਸ਼ਨ ਸਮੂਹ ਡਾ. ਬਰਜਿੰਦਰ ਸਿੰਘ ਹਮਦਰਦ, ਸਤਵੀਰ ਸਿੰਘ ਪੱਲੀ ਝਿੱਕੀ, ਚੌਧਰੀ ਮੋਹਨ ਲਾਲ, ਐਸ. ਅਸ਼ੋਕ ਭੌਰਾ, ਸਰਪੰਚ ਸੁਰਿੰਦਰ ਮੋਹਣ, ਡਾ. ਹਰਪ੍ਰੀਤ ਸਿੰਘ ਕੈਂਥ, ਕੁਲਜੀਤ ਸਿੰਘ ਸਰਹਾਲ ਅਤੇ ਹੋਰ। ਤਸਵੀਰ : ਮਨੀਸ਼

# ਪੱਦੀ ਮੱਠਵਾਲੀ 'ਚ ਡਾ. ਸਾਧੂ ਸਿੰਘ ਹਮਦਰਦ ਦਾ ਆਦਮ ਕੱਦ ਬੁੱਤ ਸਥਾਪਤ

**ਡਾ. ਸਾਧੂ ਸਿੰਘ ਹਮਦਰਦ ਦੀਆਂ ਪੰਜਾਬੀ ਪੱਤਰਕਾਰੀ ਪ੍ਰਤੀ ਸੇਵਾਵਾਂ ਬੇਮਿਸਾਲ-ਡਾ. ਹਮਦਰਦ**

ਬੰਗਾ, 3 ਜਨਵਰੀ (ਜਸਬੀਰ ਸਿੰਘ ਨੂਰਪੁਰ)-ਅਦਾਰਾ 'ਅਜੀਤ' ਦੇ ਬਾਨੀ ਡਾ. ਸਾਧੂ ਸਿੰਘ ਹਮਦਰਦ ਦਾ ਪਿੰਡ ਪੱਦੀ ਮੱਠਵਾਲੀ 'ਚ ਆਦਮ ਕੱਦ ਬੁੱਤ ਸਥਾਪਤ ਕੀਤਾ ਗਿਆ, ਜਿਸ ਦਾ ਉਦਘਾਟਨ ਡਾ. ਬਰਜਿੰਦਰ ਸਿੰਘ ਹਮਦਰਦ ਮੁੱਖ ਸੰਪਾਦਕ 'ਅਜੀਤ ਪ੍ਰਕਾਸ਼ਨ ਸਮੂਹ' ਜਲੰਧਰ ਨੇ ਕੀਤਾ। ਡਾ. ਬਰਜਿੰਦਰ ਸਿੰਘ ਹਮਦਰਦ ਨੇ ਆਖਿਆ ਕਿ ਬੇਹੱਦ ਖ਼ੁਸ਼ੀ ਵਾਲੀ ਗੱਲ ਹੈ ਕਿ ਡਾ. ਸਾਧੂ ਸਿੰਘ ਹਮਦਰਦ ਜੀ ਦੇ ਜੱਦੀ ਪਿੰਡ 'ਚ ਪਿੰਡ ਦੀ ਪੰਚਾਇਤ, ਸਰਪੰਚ ਸੁਰਿੰਦਰ ਮੋਹਨ, ਸਤਵੀਰ ਸਿੰਘ ਪੱਲੀ ਝਿੱਕੀ ਅਤੇ ਇਲਾਕਾ ਨਿਵਾਸੀਆਂ ਵਲੋਂ ਜੋ ਡਾ. ਸਾਧੂ ਸਿੰਘ ਹਮਦਰਦ ਦਾ ਆਦਮ ਕੱਦ ਬੁੱਤ ਲਗਾਇਆ ਗਿਆ, ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਆਖਿਆ ਕਿ ਹਮਦਰਦ ਜੀ ਨੇ ਬਹੁਤ ਲੰਬਾ ਸਮਾਂ ਇੱਥੇ ਅਤੇ ਪਿੰਡ ਉੱਚਾ ਲਧਾਣਾ 'ਚ ਬਿਤਾਇਆ। ਉਨ੍ਹਾਂ ਆਪਣੀ ਪੜ੍ਹਾਈ ਬੰਗਾ ਤੋਂ ਕੀਤੀ। ਉਨ੍ਹਾਂ ਇਸ ਇਲਾਕੇ 'ਚੋਂ ਉੱਠ ਕੇ ਦੁਨੀਆ ਭਰ ਨੂੰ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦਾ ਸੰਦੇਸ਼ ਦਿੱਤਾ। 'ਅਜੀਤ' ਦੇ ਰੂਪ 'ਚ ਉਨ੍ਹਾਂ ਇਕ ਇਸ ਤਰ੍ਹਾਂ ਦਾ ਵੱਡਾ ਬੋਹੜ ਲਾਇਆ ਜਿਸ ਦੀ ਅਸੀਂ ਅੱਜ ਵੀ ਸਾਰੇ ਪੰਜਾਬੀ ਛਾਂ ਮਾਣ ਰਹੇ ਹਾਂ। ਉਨ੍ਹਾਂ ਆਖਿਆ ਕਿ ਡਾ. ਹਮਦਰਦ ਵੀ ਸਾਦੇ ਲਿਬਾਸ 'ਚ ਰਹਿੰਦੇ ਅਤੇ ਸਾਦਗੀ ਨੂੰ ਪਸੰਦ ਕਰਦੇ ਸਨ। ਉਨ੍ਹਾਂ ਨੇ ਸਿਧਾਂਤਾਂ ਦੀ ਪੱਤਰਕਾਰੀ ਕਰਦਿਆਂ ਪੰਜਾਬ ਦੇ ਹਿਤਾਂ ਦੀ ਤਰਜਮਾਨੀ ਕੀਤੀ ਅਤੇ ਪੰਜਾਬੀ ਪੱਤਰਕਾਰੀ ਦੀ ਵਿਸ਼ਵਾਸਯੋਗਤਾ ਨੂੰ ਕਾਇਮ ਰੱਖਿਆ। ਡਾ. ਬਰਜਿੰਦਰ ਸਿੰਘ ਹਮਦਰਦ ਨੇ ਆਪਣੀਆਂ ਨਿੱਜੀ ਯਾਦਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਇੱਥੇ ਉਹ ਅਕਸਰ ਆਪਣੀ ਦਾਦੀ ਜੀ ਪਾਸ ਕਾਫੀ ਸਮਾਂ ਪਹਿਲਾਂ ਆਉਂਦੇ-ਜਾਂਦੇ ਹੁੰਦੇ ਸਨ। ਉਨ੍ਹਾਂ ਦੱਸਿਆ ਕਿ ਉਸ ਸਮੇਂ ਆਵਾਜਾਈ ਦੇ ਸਾਧਨ ਨਹੀਂ ਸਨ। ਉਹ ਬੰਗਾ ਤੋਂ ਪੈਦਲ ਆ ਕੇ ਪੱਦੀ ਮੱਠਵਾਲੀ ਅਤੇ ਉੱਚਾ ਲਧਾਣਾ 'ਚ ਡਾ. ਸਾਧੂ ਸਿੰਘ ਹਮਦਰਦ ਜੀ ਦੀ ਭੂਆ ਭਗਵਾਨੀ ਪਾਸ ਆਉਂਦੇ ਤੇ ਕਈ-ਕਈ ਦਿਨ ਇੱਥੇ ਰਹਿੰਦੇ ਸਨ। ਪਿੰਡ ਦੀ ਪੰਚਾਇਤ ਅਤੇ ਵੱਖ-ਵੱਖ ਸੰਸਥਾਵਾਂ ਵਲੋਂ ਡਾ. ਬਰਜਿੰਦਰ ਸਿੰਘ ਹਮਦਰਦ ਦਾ ਸਨਮਾਨ ਕੀਤਾ ਗਿਆ।

(ਬਾਕੀ ਸਫ਼ਾ 11 'ਤੇ)

## ਮੈਟ੍ਰਿਕ ਪੱਧਰੀ ਵਾਧੂ ਵਿਸ਼ਾ ਪੰਜਾਬੀ ਦੀ ਪ੍ਰੀਖਿਆ 27 ਤੋਂ

ਐੱਸ. ਏ. ਐੱਸ. ਨਗਰ, 3 ਜਨਵਰੀ (ਤਰਵਿੰਦਰ ਸਿੰਘ ਬੈਨੀਪਾਲ)-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਅਕਾਦਮਿਕ ਸੈਸ਼ਨ 2021-22 ਦੀ ਚੌਥੀ ਤਿਮਾਹੀ 'ਚ ਮੈਟ੍ਰਿਕ ਪੱਧਰ ਦੇ ਪੰਜਾਬੀ ਵਾਧੂ ਵਿਸ਼ੇ ਦੀ ਪ੍ਰੀਖਿਆ ਲੈਣ ਲਈ ਵੇਰਵਾ ਜਾਰੀ ਕਰ ਦਿੱਤਾ ਗਿਆ ਹੈ। ਸਿੱਖਿਆ ਬੋਰਡ ਦੇ ਕੰਟਰੋਲਰ ਪ੍ਰੀਖਿਆਵਾਂ ਜੇ. ਆਰ. ਮਹਿਰੋਕ ਨੇ ਦੱਸਿਆ ਕਿ ਪੰਜਾਬੀ ਪੇਪਰ ਏ ਦੀ

(ਬਾਕੀ ਸਫ਼ਾ 11 'ਤੇ)

# ਮੁੱਖ ਮੰਤਰੀ ਖ਼ਿਲਾਫ਼ 36000 ਠੇਕਾ ਮੁਲਾਜ਼ਮਾਂ ਨਾਲ ਧੋਖਾਧੜੀ ਕਰਨ ਦਾ ਕੇਸ ਦਰਜ ਕਰਵਾਉਣ

**ਰਾਜਪਾਲ ਨੂੰ ਅਕਾਲੀ ਦਲ ਦੀ ਅਪੀਲ**

ਚੰਡੀਗੜ੍ਹ, 3 ਜਨਵਰੀ (ਅਜੀਤ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਵਲੋਂ 36000 ਠੇਕਾ ਮੁਲਾਜ਼ਮਾਂ ਨਾਲ ਧੋਖਾਧੜੀ ਦਾ ਕੇਸ ਦਰਜ ਕਰਨ ਦੇ ਹੁਕਮ ਦੇਣ ਕਿਉਂਕਿ ਮੁੱਖ ਮੰਤਰੀ ਨੇ ਝੂਠ ਬੋਲਿਆ ਕਿ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੀ ਸਿਫ਼ਾਰਸ਼ ਵਾਲੀ ਫਾਈਲ ਰਾਜਪਾਲ ਨੇ ਦੱਬੀ ਹੋਈ ਹੈ ਜਦੋਂਕਿ ਅਸਲੀਅਤ ਵਿਚ ਫਾਈਲ ਮੁੱਖ ਮੰਤਰੀ ਦਫ਼ਤਰ ਪਈ ਹੈ। ਇਕ ਬਿਆਨ ਵਿਚ ਇਹ ਮੰਗ ਕਰਦਿਆਂ ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਹੈਰਾਨੀ ਵਾਲੀ ਗੱਲ ਹੈ ਕਿ ਮੁੱਖ ਮੰਤਰੀ ਨੇ ਠੇਕਾ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੇ ਮਾਮਲੇ ਬਾਰੇ ਅਜਿਹਾ ਬੋਲਿਆ ਹੈ। ਡਾ. ਚੀਮਾ ਨੇ ਇਹ ਵੀ ਮੰਗ ਕੀਤੀ ਕਿ ਸ. ਚਰਨਜੀਤ ਸਿੰਘ ਚੰਨੀ ਨੈਤਿਕ ਆਧਾਰ 'ਤੇ ਮੁੱਖ ਮੰਤਰੀ ਵਜੋਂ ਅਸਤੀਫ਼ਾ ਦੇਣ।

